28-Oct-Ludhiana-Page 5_6_7_8.qxd 10/28/2025 11:20 PM Page 4

ਜ਼ਿਲ੍ਹਾ ਮਹਿਲਾ ਕਾਂਗਰਸ ਪ੍ਰਧਾਨ ਸੁਰਿੰਦਰ ਕੌਰ ਸਮਾਰੋਹ ਦੌਰਾਨ ਆਸ਼ਾ ਸਿੰਘ ਨੂੰ ਵਾਰਡ ਪ੍ਰਧਾਨ ਦਾ ਨਿਯੁਕਤੀ ਪੱਤਰ ਦਿੰਦੇ ਹੋਏ, ਨਾਲ ਸਾਬਕਾ ਵਿਧਾਇਕ ਤੇ ਸੀਨੀਅਰ ਕਾਂਗਰਸੀ ਆਗੂ ਸਿਮਰਜੀਤ ਸਿੰਘ ਬੈਂਸ, ਕੌਂਸਲਰ ਸੁਖਦੇਵ ਸਿੰਘ ਸੀਰਾ ਤੇ ਹੋਰ। ਤਸਵੀਰ-ਸੇਵਕ ਸਿੰਘ

ਕਾਂਗਰਸ ਪਾਰਟੀ ਆਪਣੇ ਹਰੇਕ ਮਿਹਨਤੀ ਵਰਕਰ ਨੂੰ ਦਿੰਦੀ ਸਨਮਾਨ- ਬੈਂਸ

ਮਹਿਲਾਵਾਂ ਦੇ ਸਹਿਯੋਗ ਸਦਕਾ ਕਾਂਗਰਸ ਪੰਜਾਬ 'ਚ ਹੋ ਰਹੀ ਮਜ਼ਬੂਤ-ਸੁਰਿੰਦਰ ਕੌਰ

ਲੁਧਿਆਣਾ, 28 ਅਕਤੂਬਰ (ਜਤਿੰਦਰ ਭੰਬੀ)-ਕਾਂਗਰਸੀ ਵਰਕਰਾਂ ਤੇ ਸਮਰਥਕਾਂ ਵਲੋਂ ਵਾਰਡ ਨੰ. 46 ਵਿਚ ਕੌਂਸਲਰ ਸੁਖਦੇਵ ਸਿੰਘ ਸ਼ੀਰਾ ਦੀ ਅਗਵਾਈ ਵਿਚ ਇਕ ਸਮਾਰੋਹ ਕਰਵਾਇਆ ਗਿਆ, ਜਿਸ ਵਿਚ ਵਿਸ਼ੇਸ਼ ਤੌਰ 'ਤੇ ਸਾਬਕਾ ਵਿਧਾਇਕ ਅਤੇ ਸੀਨੀਅਰ ਕਾਂਗਰਸੀ ਆਗੂ ਸਿਮਰਜੀਤ ਸਿੰਘ ਬੈਂਸ ਅਤੇ ਜ਼ਿਲ੍ਹਾ ਮਹਿਲਾ ਕਾਂਗਰਸ ਪ੍ਰਧਾਨ ਸੁਰਿੰਦਰ ਕੌਰ ਨੇ ਸ਼ਮੂਲੀਅਤ ਕੀਤੀ। ਸਮਾਰੋਹ ਵਿਚ ਆਸ਼ਾ ਸਿੰਘ ਨੂੰ ਵਾਰਡ ਪ੍ਰਧਾਨ ਬਣਾਇਆ ਗਿਆ। ਉਨ੍ਹਾਂ ਨੂੰ ਨਿਯੁਕਤੀ ਪੱਤਰ ਦਿੰਦੇ ਹੋਏ ਬੈਂਸ ਨੇ ਕਿਹਾ ਕਿ ਆਸ਼ਾ ਸਿੰਘ ਕਾਂਗਰਸ ਪਾਰਟੀ ਦੀ ਇਕ ਮਿਹਨਤੀ ਵਰਕਰ ਹੈ, ਜੋ ਕਾਫ਼ੀ ਸਮੇਂ ਤੋਂ ਪਾਰਟੀ ਨਾਲ ਜੁੜੀ ਹੈ ਅਤੇ ਪਾਰਟੀ ਵਾਸਤੇ ਅਣਥੱਕ ਮਿਹਨਤ ਕਰ ਰਹੀ ਹੈ। ਅੱਜ ਕਾਂਗਰਸ ਹਾਈਕਮਾਨ ਨੇ ਆਸ਼ਾ ਸਿੰਘ ਦੁਆਰਾ ਪਾਰਟੀ ਪ੍ਰਤੀ ਕੀਤੇ ਕੰਮਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਵਾਰਡ ਪ੍ਰਧਾਨ ਬਣਾਇਆ ਹੈ। ਬੈਂਸ ਨੇ ਕਿਹਾ ਕਿ ਕਾਂਗਰਸ ਇਕ ਅਜਿਹੀ ਪਾਰਟੀ ਹੈ, ਜੋ ਵਰਕਰ ਨੂੰ ਉਸਦਾ ਬਣਦਾ ਮਾਨ ਸਨਮਾਨ ਦਿੰਦੀ ਹੈ। ਵਾਰਡ ਪ੍ਰਧਾਨ ਬਣਨ 'ਤੇ ਜ਼ਿਲ੍ਹਾ ਮਹਿਲਾ ਕਾਂਗਰਸ ਪ੍ਰਧਾਨ ਸੁਰਿੰਦਰ ਕੌਰ ਵਲੋਂ ਆਸ਼ਾ ਸਿੰਘ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕਰਦਿਆਂ ਕਿਹਾ ਕਿ ਮਹਿਲਾਵਾਂ ਕਾਂਗਰਸ ਦੀ ਰੀਡ ਦੀ ਹੱਡੀ ਹਨ। ਮਹਿਲਾਵਾਂ ਦੇ ਸਹਿਯੋਗ ਸਦਕਾ ਹੀ ਅੱਜ ਕਾਂਗਰਸ ਪਾਰਟੀ ਪੰਜਾਬ ਵਿਚ ਮਜ਼ਬੂਤ ਹੋ ਰਹੀ ਹੈ। ਇਸ ਇਸ ਮੌਕੇ ਆਸ਼ਾ ਸਿੰਘ ਨੇ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਰਟੀ ਵਲੋਂ ਸੌਂਪੀ ਜ਼ਿੰਮੇਵਾਰੀ ਨੂੰ ਤਹਿ ਦਿਲ ਨਿਭਾਉਣਗੇ। ਇਸ ਮੌਕੇ ਮਨਜੀਤ ਕੌਰ, ਮਨਦੀਪ ਕੌਰ, ਰੁਪਾਲੀ, ਅਮਰਜੀਤ ਕੌਰ, ਪੂਨਮ, ਗੁਰਮੀਤ ਕੌਰ, ਸਿਮਰਨ, ਦੀਪਕ, ਵਾਰਡ ਪ੍ਰਧਾਨ ਹਨੀ ਸ਼ਰਮਾ, ਯੂਥ ਪ੍ਰਧਾਨ ਪੰਕਜ, ਸਤਨਾਮ ਸਿੰਘ ਆਦਿ ਮੌਜੂਦ ਸਨ।

ਕਾਂਗਰਸ ਹੀ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾ ਸਕਦੀ-ਅੰਮ੍ਰਿਤਾ ਵੜਿੰਗ

'ਆਪ' ਕੀਤੇ ਵਾਅਦਿਆਂ ਤੋਂ ਭੱਜੀ-ਦੀਵਾਨ

ਲੁਧਿਆਣਾ, 28 ਅਕਤੂਬਰ (ਜਤਿੰਦਰ ਭੰਬੀ)-ਸੀਨੀਅਰ ਕਾਂਗਰਸੀ ਆਗੂ ਅਮ੍ਰਿਤਾ ਵੜਿੰਗ ਨੇ ਸਰਾਭਾ ਨਗਰ ਵਿਖੇ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਹੀ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾ ਸਕਦੀ ਹੈ, ਕਿਉਂਕਿ ਕਾਂਗਰਸ ਇਕ ਅਜਿਹੀ ਪਾਰਟੀ ਹੈ, ਜੋ ਕਿ ਹਰੇਕ ਵਰਗ ਨੂੰ ਨਾਲ ਲੈ ਕੇ ਚੱਲਦੀ ਹੈ। ਉਨ੍ਹਾਂ ਕਾਂਗਰਸ ਦੀਆਂ ਨੀਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਾਂਗਰਸ ਦੀ ਲੋਕ ਪੱਖੀ ਨੀਤੀਆਂ ਦੀ ਬਦੌਲਤ ਹੀ ਲੁਧਿਆਣਾ ਵਿਚ ਇੰਡਸਟਰੀ ਆਈ ਅਤੇ ਸਨਅਤੀ ਸ਼ਹਿਰ ਨੂੰ ਉਦਯੋਗਿਕ ਹੱਬ ਹੋਣ ਦਾ ਮਾਣ ਮਿਲਿਆ। ਉਨ੍ਹਾਂ ਕਿਹਾ ਕਿ ਰੁਜ਼ਗਾਰ ਦੇਣ ਦੇ ਦਾਅਵੇ ਕਰਨ ਵਾਲੀ 'ਆਪ' ਸਰਕਾਰ ਦੀ ਘਟੀਆ ਕਾਰਗੁਜ਼ਾਰੀ ਕਰਕੇ ਇੰਡਸਟਰੀ ਦੂਸਰੇ ਸੂਬਿਆਂ ਨੂੰ ਜਾਣ ਲਈ ਮਜਬੂਰ ਹੋ ਰਹੀ ਹੈ। ਉਨ੍ਹਾਂ ਚਿੰਤਤ ਹੁੰਦਿਆਂ ਕਿਹਾ ਕਿ ਕਿਸ ਤਰੀਕੇ ਨਾਲ ਨੌਜਵਾਨ ਨਸ਼ੇ ਦਾ ਸ਼ਿਕਾਰ ਹੋ ਰਹੇ ਹਨ ਅਤੇ ਪਿੱਛੇ ਉਨ੍ਹਾਂ ਦੇ ਪਰਿਵਾਰ ਦੁੱਖਾਂ ਦੇ ਪਹਾੜ ਨੂੰ ਚੁੱਕਣ ਲਈ ਮਜਬੂਰ ਹਨ। ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਵਧੀਕੀਆਂ ਦਾ ਜ਼ਿਕਰ ਕਰਦਿਆਂ ਵੜਿੰਗ ਨੇ ਖੁਲਾਸਾ ਕੀਤਾ ਕਿ ਕਿਸ ਤਰ੍ਹਾਂ ਬੀਤੇ ਦਿਨੀਂ ਸ਼੍ਰੀ ਮੁਕਤਸਰ ਸਾਹਿਬ ਵਿਚ ਪੁਲਿਸ ਵਲੋਂ ਝੂਠਾ ਕੇਸ ਪਾ ਕੇ ਇਕ ਨੌਜਵਾਨ ਨੂੰ ਚੁੱਕਿਆ ਗਿਆ ਸੀ। ਪਰ ਕਾਂਗਰਸ ਪਾਰਟੀ ਦੇ ਵਿਰੋਧ ਦੇ ਚਲਦਿਆਂ ਮਾਮਲੇ ਨੇ ਨਵਾਂ ਮੋੜ ਲਿਆ ਅਤੇ ਪੁਲਿਸ ਨੂੰ ਬੇਕਸੂਰ ਲੋਕ ਛੱਡਣੇ ਪਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਪਵਨ ਦੀਵਾਨ ਨੇ ਕਿਹਾ ਕਿ ਮੌਜੂਦਾ ਸਰਕਾਰ ਲੋਕਾਂ ਦੀਆਂ ਉਮੀਦਾਂ ਉਪਰ ਖਰੀ ਉਤਰਨ ਵਿਚ ਨਾਕਾਮ ਰਹੀ ਹੈ। ਉਨ੍ਹਾਂ ਕਿਹਾ ਕਿ ਵਾਅਦਿਆਂ ਤੋਂ ਭੱਜੀ 'ਆਪ' ਨੇ ਨਾ ਹੀ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦਿੱਤਾ ਅਤੇ ਨਾ ਹੀ ਨਸ਼ੇ ਦੀ ਗੰਭੀਰ ਸਮੱਸਿਆ ਦਾ ਖਾਤਮਾ ਕਰ ਸਕੀ। ਇਸ ਤੋਂ ਪਹਿਲਾਂ ਪਾਰਟੀ ਵਰਕਰਾਂ ਵਲੋਂ ਅੰਮ੍ਰਿਤਾ ਵੜਿੰਗ ਨੂੰ ਸਨਮਾਨ ਚਿੰਨ ਭੇਟ ਕੀਤਾ ਗਿਆ। ਇਸ ਮੌਕੇ ਮੋਨਿਕਾ ਚੋਪੜਾ, ਜਗਤਾਪ ਜਨਰਲ ਸਕੱਤਰ ਮਹਾਰਾਸ਼ਟਰ ਪ੍ਰਦੇਸ਼ ਕਾਂਗਰਸ ਕਮੇਟੀ, ਪੀ.ਸੀ.ਸੀ. ਮੈਂਬਰ ਸੁਸ਼ੀਲ ਮਲਹੋਤਰਾ, ਪੁਰਸ਼ੋਤਮ ਖਲੀਫਾ, ਮਨਿੰਦਰ ਪਾਲ ਟੀਟੂ, ਅਮਰਿੰਦਰ ਸਿੰਘ ਜੱਸੋਵਾਲ, ਰੋਹਿਤ ਪਾਹਵਾ, ਸੁਨੀਲ ਸਹਿਗਲ, ਨੀਰਜ ਬਿਰਲਾ, ਅਨਿਲ ਸਚਦੇਵਾ, ਅਸ਼ਵਨੀ ਜੈਨ, ਜਸਵਿੰਦਰ ਸਿੰਘ, ਕੁਲਜੀਤ ਨੀਟਾ, ਯਸ਼ ਪਾਲ ਕਪੂਰ, ਦੀਪਕ ਹੰਸ, ਜਗਮੋਹਨ ਸਿੰਘ ਨਿੱਕੂ, ਹੇਮੰਤ ਮਹਾਜਨ ਵੀ ਹਾਜ਼ਰ ਸਨ।

ਲੁਧਿਆਣਾ ਪਹੁੰਚਣ 'ਤੇ ਅਮ੍ਰਿਤਾ ਵੜਿੰਗ ਨੂੰ ਸ੍ਰੀ ਸਾਹਿਬ ਭੇਟ ਕਰਦੇ ਹੋਏ ਕਾਂਗਰਸ ਦੇ ਸਾਬਕਾ ਸ਼ਹਿਰੀ ਪ੍ਰਧਾਨ ਪਵਨ ਦੀਵਾਨ ਤੇ ਹੋਰ। ਤਸਵੀਰ : ਸੇਵਕ ਸਿੰਘ

ਵਿਸ਼ੇਸ਼ ਭਾਸ਼ਣ ਸਮਾਗਮ ਦੌਰਾਨ ਜਰਮਨੀ ਤੋਂ ਪ੍ਰੋਫੈਸਰ ਡਾਕਟਰ ਫਿਲਿਪ ਸਮਿਟ ਨੂੰ ਸਨਮਾਨਿਤ ਕਰਦੇ ਹੋਏ ਡੀਨ ਡਾ. ਕਿਰਨ ਬੈਂਸ, ਡਾ. ਅਸ਼ੋਕ ਕੁਮਾਰ ਮਲਿਕ ਅਤੇ ਹੋਰ ਪ੍ਰਬੰਧਕ। ਅਜੀਤ ਤਸਵੀਰ

ਪੀ.ਏ.ਯੂ. ਦੇ ਕੈਮਿਸਟਰੀ ਵਿਭਾਗ 'ਚ ਜਰਮਨ ਮਾਹਿਰ ਨੇ ਵਿਸ਼ੇਸ਼ ਭਾਸ਼ਣ ਦਿੱਤਾ

ਲੁਧਿਆਣਾ, 28 ਅਕਤੂਬਰ (ਜਸਵਿੰਦਰ ਸਿੰਘ)-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਬੇਸਿਕ ਸਾਇੰਸਜ਼ ਅਤੇ ਹਿਊਮੈਨੀਟੀਜ਼ ਕਾਲਜ ਦੇ ਕੈਮਿਸਟਰੀ ਵਿਭਾਗ ਵਿਚ ਜਰਮਨੀ ਦੇ ਮਿਊਨਿਖ ਤੋਂ ਬਾਇਓ ਜੀਓ ਕੈਮਿਸਟਰੀ ਹੈਲਮਹੋਲਸ ਦੇ ਨਿਰਦੇਸ਼ਕ ਪ੍ਰੋ. ਫਿਲਿਪ ਸ਼ਮਿੱਟ-ਕੋਪਲਿਨ ਨੇ ਆਪਣਾ ਭਾਸ਼ਣ ਦਿੱਤਾ। ਸੈਸ਼ਨ ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਮੁਖੀ ਡਾ. ਅਸ਼ੋਕ ਕੁਮਾਰ ਮਲਿਕ ਅਤੇ ਬੇਸਿਕ ਸਾਇੰਸਜ਼ ਕਾਲਜ ਦੇ ਡੀਨ ਡਾ. ਕਿਰਨ ਬੈਂਸ ਮੌਜੂਦ ਰਹੇ। ਡਾ. ਫਿਲਿਪ ਨੇ ਵਿਦਿਆਰਥੀਆਂ ਨੂੰ ਵਿਸ਼ਲੇਸ਼ਣੀ ਕੈਮਿਸਟਰੀ ਅਤੇ ਮੈਟਾਬੋਲੋਮਿਕਸ ਨਾਲ ਸੰਬੰਧਿਤ ਅਧਿਐਨਾਂ ਦੀ ਗੱਲ ਕਰਦਿਆਂ ਇਸਦੇ ਪੋਸ਼ਣ ਅਤੇ ਸਿਹਤ ਉਪਰ ਪੈਣ ਵਾਲੇ ਪ੍ਰਭਾਵਾਂ ਦਾ ਜ਼ਿਕਰ ਕੀਤਾ। ਇਸ ਦੌਰਾਨ ਉਨ੍ਹਾਂ ਨੇ ਜੈਵਿਕ ਅਤੇ ਅਜੈਵਿਕ ਕੈਮਿਸਟਰੀ ਨਾਲ ਸੰਬੰਧਿਤ ਬਹੁਤ ਸਾਰੇ ਮੁੱਦਿਆਂ ਦੀ ਗੱਲ ਕਰਦਿਆਂ ਜੀਵਨ ਦੇ ਪੜਾਵਾਂ ਦਾ ਹਵਾਲਾ ਦਿੱਤਾ। ਡਾ. ਕਿਰਨ ਬੈਂਸ, ਡੀਨ, ਨੇ ਆਪਣੀ ਪ੍ਰਧਾਨਗੀ ਟਿੱਪਣੀ ਵਿਚ ਵਿਭਾਗ ਵਲੋਂ ਅਜਿਹੇ ਗਿਆਨਵਰਧਕ ਭਾਸ਼ਣ ਦੀ ਪ੍ਰਸੰਸਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਆਪਣੇ ਖੇਤਰ ਵਿਚ ਅਕਾਦਮਿਕ ਪ੍ਰਾਪਤੀਆਂ ਲਈ ਸਖ਼ਤ ਮਿਹਨਤ ਕਰਨ ਹਿਤ ਪ੍ਰੇਰਿਤ ਕਰਦਿਆਂ ਕਾਲਜ ਵਲੋਂ ਹਰ ਸੰਭਵ ਸਹਾਇਤਾ ਦਾ ਭਰੋਸਾ ਦਿਵਾਇਆ। ਬੇਸਿਕ ਸਾਇੰਸਜ਼ ਕਾਲਜ ਦੇ ਖੋਜ ਸੰਚਾਲਕ ਡਾ. ਨੀਨਾ ਸਿੰਗਲਾ ਨੇ ਮਹਿਮਾਨ ਵਫ਼ਦ ਦਾ ਸਵਾਗਤ ਕੀਤਾ। ਕੈਮਿਸਟਰੀ ਵਿਭਾਗ ਦੇ ਮੁਖੀ ਡਾ. ਮਨਪ੍ਰੀਤ ਕੌਰ ਨੇ ਡਾ. ਫਿਲਿਪ ਦੀ ਜਾਣ-ਪਛਾਣ ਕਰਾਉਂਦਿਆਂ ਉਨ੍ਹਾਂ ਵਲੋਂ ਵੱਖ-ਵੱਖ ਨਾਸਾ ਅਤੇ ਹੋਰ ਵਿਸ਼ਵ ਪੱਧਰੀ ਸੰਸਥਾਵਾਂ ਨਾਲ ਜੁੜੇ ਪ੍ਰੋਜੈਕਟਾਂ ਦਾ ਹਿੱਸਾ ਰਹਿਣ ਦਾ ਵੇਰਵਾ ਦਿੱਤਾ।

ਵਿਰਸਾ ਸੰਭਾਲ ਗਤਕਾ ਮੁਕਾਬਲਾ 16 ਨਵੰਬਰ ਨੂੰ

ਚੌਂਕੀਮਾਨ, 28 ਅਕਤੂਬਰ (ਤੇਜਿੰਦਰ ਸਿੰਘ ਚੱਢਾ)-ਬ੍ਰਹਮ ਗਿਆਨੀ ਬਾਬਾ ਮਿੱਤ ਸਿੰਘ ਗਤਕਾ ਅਖਾੜਾ ਪਿੰਡ ਮੰਡਿਆਣੀ ਵਲੋਂ ਪ੍ਰਕਾਸ਼ ਪੁਰਬ ਅਤੇ ਬ੍ਰਹਮ ਗਿਆਨੀ ਬਾਬਾ ਮਿੱਤ ਸਿੰਘ ਦੀ 82ਵੀਂ ਬਰਸੀ ਨੂੰ ਸਮਰਪਿਤ ਦੂਸਰਾ ਵਿਰਸਾ ਸੰਭਾਲ ਗਤਕਾ ਮੁਕਾਬਲਾ ਮੀਰੀ ਪੀਰੀ ਪਾਰਕ ਪਿੰਡ ਮੰਡਿਆਣੀ ਵਿਚ ਮਿਤੀ 16 ਨਵੰਬਰ 2025, ਦਿਨ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਜਥੇਦਾਰ ਪਲਵਿੰਦਰ ਸਿੰਘ, ਗਤਕਾ ਕੋਚ ਰਣਜੋਧ ਸਿੰਘ ਤੇ ਗੁਰਚਰਨ ਸਿੰਘ ਜੌਹਲ ਮੰਡਿਆਣੀ ਨੇ ਦੱਸਿਆ ਕਿ 16 ਨਵੰਬਰ 2025, ਦਿਨ ਐਤਵਾਰ ਨੂੰ ਸ਼ਾਮ 3 ਵਜੇ ਤੋਂ 10 ਵਜੇ ਤੱਕ ਗੱਤਕੇ ਮੁਕਾਬਲੇ ਕਰਵਾਏ ਜਾਣਗੇ। ਜਿਸ ਵਿਚ ਲੜਕਿਆਂ ਦੀਆਂ ਟੀਮਾਂ ਆਪਣੇ ਗਤਕੇ ਦੇ ਜੌਹਰ ਵਿਖਾਉਣਗੀਆਂ। ਉਨ੍ਹਾਂ ਦੱਸਿਆ ਕਿ ਗਤਕੇ ਦੇ ਮੁਕਾਬਲਿਆਂ ਦਾ ਉਦਘਾਟਨ ਬਾਬਾ ਜੋਗਿੰਦਰ ਸਿੰਘ ਬੁੱਢਾ ਦਲ (96 ਕਰੋੜੀ) ਰਕਬੇ ਵਾਲੇ ਕਰਨਗੇ।

ਵਿਧਾਇਕ ਬੱਗਾ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ

ਸਬ-ਤਹਿਸੀਲ ਲੁਧਿਆਣਾ ਉੱਤਰੀ ਬਣਾਉਣ ਨੂੰ ਮਿਲੀ ਹਰੀ ਝੰਡੀ

ਲੁਧਿਆਣਾ, 28 ਅਕਤੂਬਰ (ਡਾ. ਤਰਲੋਚਨ ਸਿੰਘ)-ਵਿਧਾਨ ਸਭਾ ਹਲਕਾ ਉੱਤਰੀ ਲਈ ਸਬ-ਤਹਿਸੀਲ ਬਣਾਉਣ ਨੂੰ ਹਰੀ ਝੰਡੀ ਦੇਣ ਲਈ ਵਿਧਾਇਕ ਮਦਨ ਲਾਲ ਬੱਗਾ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਸ਼ੇਸ਼ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਬੀਤੇ ਸਮੇਂ ਦੌਰਾਨ ਵਿਧਾਇਕ ਬੱਗਾ ਵਲੋਂ ਹਲਕਾ ਉੱਤਰੀ ਲਈ ਸਬ-ਤਹਿਸੀਲ ਬਣਾਉਣ ਦਾ ਮੁੱਦਾ ਵਿਧਾਨ ਸਭਾ ਵਿਚ ਪੂਰੇ ਜ਼ੋਰ-ਸ਼ੋਰ ਨਾਲ ਚੁੱਕਿਆ ਗਿਆ ਸੀ, ਜਿਸ ਨੂੰ ਮੁੱਖ ਮੰਤਰੀ ਨੇ ਅਮਲੀ ਜਾਮਾ ਪਹਿਨਾਇਆ ਹੈ। ਵਿਧਾਇਕ ਬੱਗਾ ਨੇ ਦੱਸਿਆ ਕਿ ਹਲਕੇ ਦੇ ਵਸਨੀਕਾਂ ਦੀ ਚਿਰੋਕਣੀ ਮੰਗ ਨੂੰ ਬੂਰ ਪਿਆ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਮਾਲ ਵਿਭਾਗ ਨਾਲ ਸਬੰਧਿਤ ਸੇਵਾਵਾਂ ਲਈ ਟਰਾਂਸਪੋਰਟ ਨਗਰ ਜਾਂ ਹੰਬੜਾਂ ਰੋਡ 'ਤੇ ਜਾਣਾ ਪੈਂਦਾ ਸੀ, ਸ਼ਹਿਰੀ ਖੇਤਰ ਵਿਚ ਭਾਰੀ ਟ੍ਰੈਫ਼ਿਕ ਜਾਮ ਕਰਕੇ ਉਨ੍ਹਾਂ ਦਾ ਕਾਫ਼ੀ ਸਮਾਂ ਸਫ਼ਰ ਵਿਚ ਅਜਾਈਂ ਚਲਾ ਜਾਂਦਾ ਸੀ। ਉਨ੍ਹਾਂ ਦੱਸਿਆ ਕਿ ਹਲਕਾ ਉੱਤਰੀ ਵਿਚ ਸਬ-ਤਹਿਸੀਲ ਦੇ ਨਿਰਮਾਣ ਨਾਲ ਲੋਕਾਂ ਦੀ ਖੱਜਲ-ਖੁਆਰੀ ਘਟੇਗੀ ਅਤੇ ਘੱਟ ਸਮੇਂ ਵਿਚ ਬਿਹਤਰ ਸਹੂਲਤਾਂ ਮਿਲਣਗੀਆਂ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਲੁਧਿਆਣਾ ਦੇ ਸ਼ਹਿਰੀ ਖੇਤਰਾਂ ਵਿਚ ਪ੍ਰਸ਼ਾਸਕੀ ਕੁਸ਼ਲਤਾ ਅਤੇ ਜਨਤਕ ਸਹੂਲਤ ਵਿਚ ਸੁਧਾਰ ਲਈ ਸਬ-ਤਹਿਸੀਲ ਉੱਤਰੀ ਜਿੱਥੇ ਬੇਹੱਦ ਲਾਹੇਵੰਦ ਸਿੱਧ ਹੋਵੇਗੀ, ਉੱਥੇ ਸੰਘਣੀ ਆਬਾਦੀ ਵਾਲੇ ਸ਼ਹਿਰੀ ਪਿੰਡਾਂ ਲਈ ਤੇਜ਼ ਇੰਤਕਾਲ ਅਤੇ ਰਜਿਸਟਰੀ ਪ੍ਰਕਿਰਿਆ ਦੀ ਸਹੂਲਤ ਵੀ ਮਿਲੇਗੀ। ਇਸ ਤੋਂ ਇਲਾਵਾ ਹਲਕਾ ਪੂਰਬੀ ਤੇ ਪੱਛਮੀ ਤਹਿਸੀਲਾਂ ਨੂੰ ਡੀਕੰਜੈਸ਼ਨ ਕਰਨ ਅਤੇ ਮੌਜੂਦਾ ਬੁਨਿਆਦੀ ਢਾਂਚੇ ਦੀ ਸਰਬੋਤਮ ਵਰਤੋਂ ਰਾਹੀਂ ਨਾਗਰਿਕ ਸਹੂਲਤ ਵਿਚ ਸੁਧਾਰ ਕਰਨ ਵਿਚ ਵੀ ਸਹਾਈ ਹੋਵੇਗੀ।

ਵਿਧਾਇਕ ਮਦਨ ਲਾਲ ਬੱਗਾ

ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਵਿਧਾਨ ਸਭਾ ਤਰਨ ਤਾਰਨ ਵਿਖੇ ਪੰਥ ਦੇ ਸਾਂਝੇ ਉਮੀਦਵਾਰ ਮਨਦੀਪ ਸਿੰਘ ਖ਼ਾਲਸਾ ਦੇ ਹੱਕ 'ਚ ਚੋਣ ਪ੍ਰਚਾਰ ਸਮੇਂ। ਅਜੀਤ ਤਸਵੀਰ

ਜ਼ਿਮਨੀ ਚੋਣ 'ਚ ਮਨਦੀਪ ਸਿੰਘ ਖ਼ਾਲਸਾ ਜਿੱਤ ਦਰਜ ਕਰਨਗੇ-ਵਿਧਾਇਕ ਇਯਾਲੀ

ਹੰਬੜਾਂ, 28 ਅਕਤੂਬਰ (ਮੇਜਰ ਹੰਬੜਾਂ)-ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਵਿਧਾਨ ਸਭਾ ਤਰਨ ਤਾਰਨ ਵਿਖੇ ਹੋ ਰਹੀ ਜ਼ਿਮਨੀ ਚੋਣ 'ਚ ਪੰਥ ਦੇ ਸਾਂਝੇ ਉਮੀਦਵਾਰ ਭਾਈ ਮਨਦੀਪ ਸਿੰਘ ਖ਼ਾਲਸਾ ਦੇ ਹੱਕ 'ਚ ਡੱਟਣ ਦੇ ਐਲਾਨ ਉਪਰੰਤ ਤਰਨ ਤਾਰਨ ਵਿਖੇ ਪੁੱਜ ਕੇ ਮਜ਼ਬੂਤ ਉਮੀਦਵਾਰ ਖ਼ਾਲਸਾ ਦੇ ਹੱਕ 'ਚ ਚੋਣ ਪ੍ਰਚਾਰ 'ਚ ਹਾਜ਼ਰੀ ਭਰੀ। ਉਨ੍ਹਾਂ ਕਈ ਪਿੰਡਾਂ ਅੰਦਰ ਭਰਵੇ ਚੋਣ ਜਲਸਿਆਂ ਨੂੰ ਸੰਬੋਧਨ ਕੀਤਾ। ਵਿਧਾਇਕ ਇਯਾਲੀ ਨੇ ਹੰਬੜਾਂ 'ਚ ਪੁੱਜ ਕੇ 'ਅਜੀਤ' ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਲੋਕ ਜਿੱਥੇ ਸੱਤਾਧਾਰੀ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਤੋਂ ਦੁਖੀ ਹਨ ਉੱਥੇ ਹੋਰ ਪਾਰਟੀਆਂ ਦੀ ਕਾਰਗੁਜ਼ਾਰੀ ਨੂੰ ਵੀ ਦੇਖ ਚੁੱਕੇ ਹਨ ਤੇ ਹੁਣ ਤਰਨ ਤਾਰਨ ਵਿਧਾਨ ਸਭਾ ਦੀ ਜ਼ਿਮਨੀ ਚੋਣ 'ਚ ਪੰਥ ਦੇ ਸਾਂਝੇ ਉਮੀਦਵਾਰ ਮਨਦੀਪ ਸਿੰਘ ਖ਼ਾਲਸਾ ਨੂੰ ਹਰ ਵਰਗ ਦੇ ਮਿਲ ਰਹੇ ਭਰਵੇਂ ਹੁੰਗਾਰੇ ਤੋਂ ਸਾਫ਼ ਪਤਾ ਚੱਲਦਾ ਹੈ ਕਿ ਉਹ ਤਰਨ ਤਾਰਨ ਜ਼ਿਮਨੀ ਚੋਣ 'ਚ ਸ਼ਾਨਦਾਰ ਜਿੱਤ ਦਰਜ ਕਰਦਿਆਂ ਪੰਜਾਬ ਵਿਚ ਨਵੀਂ ਲਹਿਰ ਪੈਦਾ ਕਰਨਗੇ। ਸ: ਇਯਾਲੀ ਨੇ ਕਿਹਾ ਕਿ ਅੱਜ ਤਰਨ ਤਾਰਨ ਵਿਖੇ ਮਨਦੀਪ ਸਿੰਘ ਖ਼ਾਲਸਾ ਦੇ ਹੱਕ 'ਚ ਕੀਤੇ ਦੌਰੇ ਤੋਂ ਪਤਾ ਚੱਲਦਾ ਹੈ ਕਿ ਤਰਨ ਤਾਰਨ ਵਿਖੇ ਮਨਦੀਪ ਸਿੰਘ ਖ਼ਾਲਸਾ ਦੇ ਹੱਕ 'ਚ ਲੋਕ ਲਹਿਰ ਬਣ ਚੁੱਕੀ ਹੈ।

ਵੈਟਰਨਰੀ ਯੂਨੀਵਰਸਿਟੀ ਵਿਗਿ